ਅਮੁਲ ਗੁਣ ਅਮੁਲ ਵਾਪਾਰ ॥ ਅਮੁਲ ਵਾਪਾਰੀਏ ਅਮੁਲ ਭੰਡਾਰ ॥ ਅਮੁਲ ਆਵਹਿ ਅਮੁਲ ਲੈ ਜਾਹਿ ॥ ਅਮੁਲ ਭਾਇ ਅਮੁਲਾ ਸਮਾਹਿ ॥ ਅਮੁਲੁ ਧਰਮੁ ਅਮੁਲੁ ਦੀਬਾਣੁ ॥ ਅਮੁਲੁ ਤੁਲੁ ਅਮੁਲੁ ਪਰਵਾਣੁ ॥ ਅਮੁਲੁ ਬਖਸੀਸ ਅਮੁਲੁ ਨੀਸਾਣੁ ॥ ਅਮੁਲੁ ਕਰਮੁ ਅਮੁਲੁ ਫੁਰਮਾਣੁ ॥ ਅਮੁਲੋ ਅਮੁਲੁ ਆਖਿਆ ਨ ਜਾਇ ॥ ਆਖਿ ਆਖਿ ਰਹੇ ਲਿਵ ਲਾਇ ॥ ਆਖਹਿ ਵੇਦ ਪਾਠ ਪੁਰਾਣ ॥ ਆਖਹਿ ਪੜੇ ਕਰਹਿ ਵਖਿਆਣ ॥ ਆਖਹਿ ਬਰਮੇ ਆਖਹਿ ਇੰਦ ॥ ਆਖਹਿ ਗੋਪੀ ਤੈ ਗੋਵਿੰਦ ॥ ਆਖਹਿ ਈਸਰ ਆਖਹਿ ਸਿਧ ॥ ਆਖਹਿ ਕੇਤੇ ਕੀਤੇ ਬੁਧ ॥ ਆਖਹਿ ਦਾਨਵ ਆਖਹਿ ਦੇਵ ॥ ਆਖਹਿ ਸੁਰਿ ਨਰ ਮੁਨਿ ਜਨ ਸੇਵ ॥ ਕੇਤੇ ਆਖਹਿ ਆਖਣਿ ਪਾਹਿ ॥ ਕੇਤੇ ਕਹਿ ਕਹਿ ਉਠਿ ਉਠਿ ਜਾਹਿ ॥ ਏਤੇ ਕੀਤੇ ਹੋਰਿ ਕਰੇਹਿ ॥ ਤਾ ਆਖਿ ਨ ਸਕਹਿ ਕੇਈ ਕੇਇ ॥ ਜੇਵਡੁ ਭਾਵੈ ਤੇਵਡੁ ਹੋਇ ॥ ਨਾਨਕ ਜਾਣੈ ਸਾਚਾ ਸੋਇ ॥ ਜੇ ਕੋ ਆਖੈ ਬੋਲੁਵਿਗਾੜੁ ॥ ਤਾ ਲਿਖੀਐ ਸਿਰਿ ਗਾਵਾਰਾ ਗਾਵਾਰੁ ॥੨੬ ॥